# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :28-01-2026**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਸਰਕਾਰ ਦੀਆਂ ਠੋਸ ਨੀਤੀਆਂ ਅਤੇ ਪਹਿਲਕਦਮੀਆਂ ਸਦਕਾ ਦੇਸ਼ ਵਿੱਚ ਖੇਤੀਬਾੜੀ ਉਤਪਾਦਨ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਏ। ਸੰਸਦ ਦੇ ਬਜਟ ਇਜਲਾਸ ਦੇ ਪਹਿਲੇ ਦਿਨ ਅੱਜ ਸੰਸਦ ਦੇ ਦੋਵਾਂ ਸਦਨਾਂ ਦੀ ਸਾਂਝੀ ਬੈਠਕ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਖੁਰਾਕ ਅਤੇ ਬਾਗਬਾਨੀ ਫਸਲਾਂ ਦਾ ਰਿਕਾਰਡ ਉਤਪਾਦਨ ਹੋਇਆ ਏ ... Byte…

ਰਾਸ਼ਟਰਪਤੀ ਨੇ ਭਰੋਸਾ ਜਤਾਇਆ ਕੀਤਾ ਕਿ ਭਾਰਤ ਇਸ ਦਹਾਕੇ ਦੇ ਅਖੀਰ ਤੱਕ 500 ਗੀਗਾਵਾਟ ਨਵਿਆਉਣਯੋਗ ਊਰਜਾ ਸਮਰੱਥਾ ਦਾ ਟੀਚਾ ਜ਼ਰੂਰ ਪ੍ਰਾਪਤ ਕਰ ਲਵੇਗਾ। ਉਨ੍ਹਾਂ ਕਿਹਾ ਕਿ ਦਿਹਾਤੀ ਖੇਤਰਾਂ ਵਿੱਚ ਰੁਜ਼ਗਾਰ ਅਤੇ ਵਿਕਾਸ ਲਈ, ਵਿਕਸਿਤ ਭਾਰਤ ਜੀ ਰਾਮ ਜੀ ਨਾਂ ਦਾ ਇੱਕ ਕਾਨੂੰਨ ਬਣਾਇਆ ਗਿਆ ਏ। ਇਹ ਨਵਾਂ ਕਾਨੂੰਨ ਪਿੰਡਾਂ ਵਿੱਚ 125 ਦਿਨਾਂ ਦੇ ਗਾਰੰਟੀਸ਼ੁਦਾ ਰੁਜ਼ਗਾਰ ਨੂੰ ਯਕੀਨੀ ਬਣਾਏਗਾ। ਇਸ ਦੇ

ਨਾਲ ਹੀ, ਇਹ ਭ੍ਰਿਸ਼ਟਾਚਾਰ ਅਤੇ ਗਬਨ ਨੂੰ ਰੋਕਣਾ ਯਕੀਨੀ ਬਣਾਏਗਾ ਜਿਸ ਲਈ ਸਰਕਾਰ ਲੰਬੇ ਸਮੇਂ ਤੋਂ ਯਤਨ ਕਰ ਰਹੀ ਏ। ਰਾਸ਼ਟਰਪਤੀ ਨੇ ਕਿਹਾ ਕਿ ਇਹ ਯੋਜਨਾ ਦਿਹਾਤੀ ਵਿਕਾਸ ਨੂੰ ਨਵੀਂ ਗਤੀ ਪ੍ਰਦਾਨ ਕਰੇਗੀ ਅਤੇ ਕਿਸਾਨਾਂ, ਪਸ਼ੂ ਪਾਲਕਾਂ ਅਤੇ ਮਛੇਰਿਆਂ ਲਈ ਨਵੀਆਂ ਸਹੂਲਤਾਂ ਪੈਦਾ ਕਰੇਗੀ।

------------------------------------------------------------

ਦੇਸ਼ ਅੱਜ ਮਹਾਨ ਆਜ਼ਾਦੀ ਘੁਲਾਟੀਏ, ਲਾਲਾ ਲਾਜਪਤ ਰਾਏ ਨੂੰ ਓਹਨਾਂ ਦੀ ਜਨਮ ਵਰ੍ਹੇਗੰਢ ‘ਤੇ ਯਾਦ ਕਰ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਨੂੰ ਉਨ੍ਹਾਂ ਦੇ ਜਨਮ ਦਿਵਸ 'ਤੇ ਸ਼ਰਧਾਂਜਲੀ ਭੇਂਟ ਕਰਦਿਆਂ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਲਾਲਾ ਜੀ ਨੂੰ ਮਾਤ ਭੂਮੀ ਦਾ ਅਮਰ ਪੁੱਤਰ ਕਿਹਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਲਾਲਾ ਲਾਜਪਤ ਰਾਏ ਨੇ ਭਾਰਤ ਨੂੰ ਗੁਲਾਮੀ ਦੀਆਂ ਜ਼ੰਜੀਰਾਂ ਤੋਂ ਆਜ਼ਾਦ ਕਰਵਾਉਣ ਲਈ ਆਪਣਾ ਸਭ ਕੁਝ ਕੁਰਬਾਨ ਕਰ ਦਿੱਤਾ। ਸ਼੍ਰੀ ਮੋਦੀ ਨੇ ਇਹ ਵੀ ਕਿਹਾ ਕਿ ਲਾਲਾ ਲਾਜਪਤ ਰਾਏ ਦਾ ਬਲੀਦਾਨ ਦੇਸ਼ ਦੀ ਹਰ ਪੀੜ੍ਹੀ ਲਈ ਪ੍ਰੇਰਨਾ ਸਰੋਤ ਬਣਿਆ ਰਹੇਗਾ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਵੀ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਅੱਜ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਨੂੰ ਉਨ੍ਹਾਂ ਦੀ

ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਂਟ ਕੀਤੀ। ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਵੀ ਲਾਲਾ ਲਾਜਪਤ ਰਾਏ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਉਨ੍ਹਾਂ ਨੇ ਉਜਾਗਰ ਕੀਤਾ ਕਿ ਆਜ਼ਾਦੀ ਘੁਲਾਟੀਏ ਭਗਤ ਸਿੰਘ ਵਰਗੇ ਅਣਗਿਣਤ ਇਨਕਲਾਬੀਆਂ ਲਈ ਹਥਿਆਰਬੰਦ ਇਨਕਲਾਬ ਦੀ ਪ੍ਰੇਰਨਾ ਬਣ ਗਏ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਮਹਾਨ ਆਜ਼ਾਦੀ ਘੁਲਾਟੀਏ 'ਪੰਜਾਬ ਕੇਸਰੀ' ਲਾਲਾ ਲਾਜਪਤ ਰਾਏ ਜੀ ਦੀ ਜਨਮ ਵਰ੍ਹੇਗੰਢ ਮੌਕੇ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਉਨ੍ਹਾਂ ਨੂੰ ਨਮਨ ਕੀਤਾ ਏ। ਸ੍ਰੀ ਮਾਨ ਨੇ ਕਿਹਾ ਕਿ ਲਾਲਾ ਜੀ ਦਾ ਬਲੀਦਾਨ ਨੌਜਵਾਨ ਪੀੜ੍ਹੀ ਨੂੰ ਦੇਸ਼ ਸੇਵਾ ਲਈ ਪ੍ਰੇਰਿਤ ਕਰਦਾ ਰਹੇਗਾ।

-------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹੈ ਕਿ ‘ਯੁੱਧ ਨਸ਼ਿਆਂ ਵਿਰੁੱਧ` ਮੁਹਿੰਮ ਦਾ ਦੂਜਾ ਪੜਾਅ ਨਸ਼ਿਆਂ ਦੀ ਸਮੱਸਿਆ ਦੀ ਰੀੜ੍ਹ `ਤੇ ਹਮਲਾ ਕਰਨ ਲਈ ਤਿਆਰ ਏ ਅਤੇ ਸੂਬਾ ਸਰਕਾਰ ਪਿੰਡ ਪੱਧਰ `ਤੇ ਲੋਕਾਂ ਨੂੰ ਇੱਕਜੁਟ ਕਰਕੇ ਤੇ ਪੰਜਾਬ ਭਰ ਵਿੱਚ ਜਨਤਕ ਭਾਈਵਾਲੀ ਵਧਾ ਕੇ ਨਸ਼ਿਆਂ ਵਿਰੁੱਧ ਆਪਣੀ ਹੁਣ ਤੱਕ ਦੀ ਸਭ ਤੋਂ ਜ਼ੋਰਦਾਰ ਜਨਤਕ ਮੁਹਿੰਮ ਨੂੰ ਤੇਜ਼ ਕਰਨ ਦੀ ਤਿਆਰੀ ਕਰ ਰਹੀ ਏ। ‘ਯੁੱਧ

ਨਸ਼ਿਆਂ ਵਿਰੁੱਧ’ ਦੇ ਦੂਜੇ ਪੜਾਅ ਦੀ ਤਰੱਕੀ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਦੇ ਐਲਾਨ ਕੀਤਾ ਕਿ ਅਗਲੇ ਮਹੀਨੇ ਵਿਲੇਜ ਡਿਫੈਂਸ ਕਮੇਟੀਆਂ (ਵੀ.ਡੀ.ਸੀਜ਼.) ਦੀ ਵੱਡੀ ਸੂਬਾ ਪੱਧਰੀ ਮੀਟਿੰਗ ਕੀਤੀ ਜਾਵੇਗੀ । ਉਨ੍ਹਾਂ ਕਿਹਾ ਕਿ ਵਿਲੇਜ ਡਿਫੈਂਸ ਕਮੇਟੀਆਂ ਦੇ ਰੂਪ ਵਿੱਚ ‘ਪਿੰਡਾਂ ਦੇ ਪਹਿਰੇਦਾਰ` ਦੀ ਡੇਢ ਲੱਖ ਮੈਂਬਰਾਂ ਵਾਲੀ ਮਜ਼ਬੂਤ ਟੀਮ ਦਾ ਗਠਨ ਕੀਤਾ ਗਿਆ ਏ।"

---------------------------------------------------

ਚੰਡੀਗੜ੍ਹ ਵਿੱਚ, ਵੱਖ-ਵੱਖ ਸਕੂਲਾਂ ਨੂੰ ਬੰਬ ਦੀ ਧਮਕੀ ਮਿਲਣ ਦੇ ਮੱਦੇਨਜ਼ਰ, ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਨੇ ਸ਼ਾਂਤੀ ਬਣਾਈ ਰੱਖਣ ਅਤੇ ਬਿਨਾ ਕਾਰਨ ਘਬਰਾਹਟ ਨਾ ਪੈਦਾ ਕਰਨ ਲਈ ਇੱਕ ਸਲਾਹ ਜਾਰੀ ਕੀਤੀ ਏ। ਸਕੂਲਾਂ ਨੂੰ ਕਿਹਾ ਗਿਆ ਏ ਕਿ ਉਹ ਬਿਨਾਂ ਕਿਸੇ ਪ੍ਰਮਾਣਿਤ ਆਧਾਰ ਦੇ ਛੁੱਟੀਆਂ ਦਾ ਐਲਾਨ ਨਾ ਕਰਨ, ਕਿਉਂਕਿ ਅਜਿਹੀਆਂ ਕਾਰਵਾਈਆਂ ਵਿਦਿਆਰਥੀਆਂ, ਮਾਪਿਆਂ ਅਤੇ ਆਮ ਲੋਕਾਂ ਨੂੰ ਪਰੇਸ਼ਾਨੀ ਵਿਚ ਪਾ ਸਕਦੀਆਂ ਨੇ। ਵਿਭਾਗ ਨੇ ਦੱਸਿਆ ਏ ਕਿ ਜੇਕਰ ਕੋਈ ਧਮਕੀ ਭਰੀ ਈ-ਮੇਲ ਜਾਂ ਮੈਸੇਜ ਮਿਲਦਾ ਏ ਤਾਂ ਤੁਰੰਤ ਇਸ ਦੀ ਜਾਣਕਾਰੀ ਪੁਲਿਸ ਨੂੰ ਦਿੱਤੀ ਜਾਣੀ ਚਾਹੀਦੀ ਏ, ਤਾਂ ਜੋ ਤੈਅ ਨੇਮਾਂ ਮੁਤਾਬਿਕ ਢੁੱਕਵੀਂ ਕਾਰਵਾਈ ਕੀਤੀ ਜਾ ਸਕੇ। ਇਸ ਦੇ ਨਾਲ ਹੀ, ਸਾਰੇ

ਸਕੂਲਾਂ ਨੂੰ ਨਿਯਮਤ ਅਕਾਦਮਿਕ ਕਾਰਵਾਈਆਂ ਜਾਰੀ ਰੱਖਦੇ ਹੋਏ ਚੌਕਸ ਰਹਿਣ ਦੇ ਨਿਰਦੇਸ਼ ਦਿੱਤੇ ਗਏ ਨੇ। ਇਹ ਸਲਾਹ ਚੰਡੀਗੜ੍ਹ ਦੇ ਕਈ ਨਿੱਜੀ ਸਕੂਲਾਂ ਨੂੰ ਅੱਜ ਸਵੇਰੇ ਈ-ਮੇਲ ਜਾਂ ਸੰਦੇਸ਼ਾਂ ਰਾਹੀਂ ਬੰਬ ਦੀ ਧਮਕੀ ਮਿਲਣ ਤੋਂ ਬਾਅਦ ਜਾਰੀ ਕੀਤੀ ਗਈ ਏ ।

-----------------------------------------------------------

ਮੋਹਾਲੀ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਆਪਣੇ ਨੌਜਵਾਨ ਕੈਡਿਟਾਂ ਨੂੰ ਨੈਸ਼ਨਲ ਡਿਫੈਂਸ ਅਕੈਡਮੀ (NDA) ਲਈ ਯੋਗ ਬਣਾ ਕੇ ਰੱਖਿਆ ਬਲਾਂ ਵਿੱਚ ਲਗਾਤਾਰ ਯੋਗਦਾਨ ਪਾ ਰਿਹਾ ਏ। ਇਸ ਮਹੀਨੇ, ਇੰਸਟੀਚਿਊਟ ਦੇ 11 ਕੈਡਿਟਾਂ ਨੇ ਵੱਕਾਰੀ NDA ਅਤੇ ਹੋਰ ਪ੍ਰਮੁੱਖ ਰੱਖਿਆ ਸਿਖਲਾਈ ਅਕੈਡਮੀਆਂ ਵਿੱਚ ਦਾਖਲਾ ਪ੍ਰਾਪਤ ਕੀਤਾ ਏ। 2017 ਵਿੱਚ ਸੰਸਥਾ ਦੀ ਸ਼ੁਰੂਆਤ ਤੋਂ ਬਾਅਦ ਕੁੱਲ 289 ਕੈਡਿਟਾਂ ਨੇ ਵੱਖ-ਵੱਖ ਰੱਖਿਆ ਸਿਖਲਾਈ ਅਕੈਡਮੀਆਂ ਵਿੱਚ ਸ਼ਾਮਲ ਹੋ ਗਏ ਨੇ।

-----------------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਮੁੱਖ ਖੋਜ ਨਤੀਜਿਆਂ ਲਈ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਨੂੰ ਲਾਜ਼ਮੀ ਕਰ ਦਿੱਤਾ ਏ। ਇਹ ਨੀਤੀਗਤ ਫੈਸਲਾ ਅਗਲੇ ਅਕਾਦਮਿਕ ਸੈਸ਼ਨ ਤੋਂ ਲਾਗੂ ਹੋਵੇਗਾ।

ਯੂਨੀਵਰਸਿਟੀ ਵਾਈਸ-ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਨੇ ਇਸ ਪਹਿਲਕਦਮੀ ਨੂੰ ਇੱਕ ਇਤਿਹਾਸਕ ਅਤੇ ਲੋਕ-ਕੇਂਦ੍ਰਿਤ ਕਦਮ ਦੱਸਿਆ ਏ ਜੋ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਅਨੁਕੂਲ ਏ ਤੇ ਇਹ ਵੀ ਯਕੀਨੀ ਬਣਾਉਂਦਾ ਏ ਕਿ ਜੀਐਨਡੀਯੂ ਆਲਮੀ ਅਕਾਦਮਿਕ ਉੱਤਮਤਾ ਲਈ ਵਚਨਬੱਧ ਰਹੇ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪੈਦਾ ਹੋਇਆ ਗਿਆਨ ਸਿਰਫ਼ ਉੱਚ ਅਕਾਦਮਿਕ ਦਾਇਰਿਆਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ ਜਾਂ ਭਾਸ਼ਾ ਦੀਆਂ ਰੁਕਾਵਟਾਂ ਦੇ ਪਿੱਛੇ ਬੰਦ ਨਹੀਂ ਰਹਿਣਾ ਚਾਹੀਦਾ। ਇਸ ਲਈ, ਖੋਜ ਕਾਰਜਾਂ ਨੂੰ ਪੰਜਾਬੀ ਬੋਲਣ ਵਾਲੇ ਵਿਦਿਆਰਥੀਆਂ, ਅਧਿਆਪਕਾਂ, ਮਾਪਿਆਂ, ਨੀਤੀ ਨਿਰਮਾਤਾਵਾਂ ਅਤੇ ਵਿਸ਼ਾਲ ਸਮਾਜ ਲਈ ਪਹੁੰਚਯੋਗ ਬਣਾਉਣ ਲਈ, ਪੀਐਚਡੀ ਥੀਸਿਸ, ਖੋਜ ਨਿਬੰਧ, ਪ੍ਰੋਜੈਕਟ ਰਿਪੋਰਟਾਂ ਅਤੇ ਫੰਡ ਪ੍ਰਾਪਤ ਖੋਜ ਨਤੀਜੇ ਹੁਣ ਅਗਲੇ ਅਕਾਦਮਿਕ ਸੈਸ਼ਨ ਤੋਂ ਅੰਗਰੇਜ਼ੀ ਜਾਂ ਪ੍ਰਾਇਮਰੀ ਅਕਾਦਮਿਕ ਭਾਸ਼ਾ ਅਤੇ ਪੰਜਾਬੀ ਦੋਵਾਂ ਵਿੱਚ ਜਮ੍ਹਾ ਕੀਤੇ ਜਾਣਗੇ।